**ਪ੍ਰਧਾਨ ਮੰਤਰੀ ਨੇ ਓਮਾਨ ਵਿੱਚ ਭਾਰਤੀ ਸਮੁਦਾਇ ਨੂੰ ਸੰਬੋਧਿਤ ਕੀਤਾ (18 ਦਸੰਬਰ, 2025)**

18 ਦਸੰਬਰ 2025

ਪ੍ਰਧਾਨ ਮੰਤਰੀ ਨੇ ਅੱਜ ਮਸਕਟ ਵਿੱਚ ਭਾਰਤੀ ਸਮੁਦਾਇ ਦੇ ਸਦੱਸਾਂ ਦੇ ਇੱਕ ਵੱਡੇ ਇਕੱਠ ਨੂੰ ਸੰਬੋਧਿਤ ਕੀਤਾ। ਦਰਸ਼ਕਾਂ ਵਿੱਚ ਵੱਖ-ਵੱਖ ਭਾਰਤੀ ਸਕੂਲਾਂ ਦੇ 700 ਤੋਂ ਵੱਧ ਵਿਦਿਆਰਥੀ ਸ਼ਾਮਲ ਸਨ. ਇਹ ਸਾਲ ਓਮਾਨ ਵਿੱਚ ਭਾਰਤੀ ਸਕੂਲਾਂ ਲਈ ਵਿਸ਼ੇਸ਼ ਮਹੱਤਵ ਰੱਖਦਾ ਹੈ, ਕਿਉਂਕਿ ਉਹ ਇਸ ਦੇਸ਼ ਵਿੱਚ ਆਪਣੀ ਸਥਾਪਨਾ ਦੇ 50 ਸਾਲ ਪੂਰੇ ਹੋਣ ਦਾ ਜਸ਼ਨ ਮਨਾ ਰਹੇ ਹਨ.

2. ਇਕੱਠ ਨੂੰ ਸੰਬੋਧਿਤ ਕਰਦੇ ਹੋਏ, ਪ੍ਰਧਾਨ ਮੰਤਰੀ ਨੇ ਭਾਰਤ ਵਿੱਚ ਦੇ ਪਰਿਵਾਰਕ ਸਦੱਸਾਂ ਅਤੇ ਦੋਸਤਾਂ ਵੱਲੋਂ ਸਮੁਦਾਇ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਪ੍ਰਧਾਨ ਮੰਤਰੀ ਨੇ ਉਨ੍ਹਾਂ ਦੇ ਬਹੁਤ ਹੀ ਨਿੱਘੇ ਅਤੇ ਸ਼ਾਨਦਾਰ ਸਵਾਗਤ ਲਈ ਉਨ੍ਹਾਂ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਉਹ ਓਮਾਨ ਵਿੱਚ ਵਸੇ ਭਾਰਤ ਦੇ ਵੱਖ-ਵੱਖ ਹਿੱਸਿਆਂ ਦੇ ਲੋਕਾਂ ਨਾਲ ਮਿਲ ਕੇ ਖੁਸ਼ ਹਨ, ਅਤੇ ਕਿਹਾ ਕਿ ਵਿਭਿੰਨਤਾ ਭਾਰਤੀ ਸੱਭਿਆਚਾਰ ਦੀ ਨੀਂਹ ਹੈ - ਇਹ ਇੱਕ ਮੁੱਲ ਹੈ ਜੋ ਉਨ੍ਹਾਂ ਨੂੰ ਕਿਸੇ ਵੀ ਸਮਾਜ ਵਿੱਚ ਉਨ੍ਹਾਂ ਦਾ ਹਿੱਸਾ ਬਣਨ ਵਿੱਚ ਮਦਦ ਕਰਦਾ ਹੈ। ਓਮਾਨ ਵਿੱਚ ਭਾਰਤੀ ਭਾਈਚਾਰੇ ਨੂੰ ਮਿਲਣ ਵਾਲੇ ਸਨਮਾਨ ਦੀ ਚਰਚਾ ਕਰਦੇ ਹੋਏ ਪ੍ਰਧਾਨ ਮੰਤਰੀ ਨੇ ਜ਼ੋਰ ਦਿੱਤਾ ਕਿ ਸਹਿ-ਹੋਂਦ ਅਤੇ ਸਹਿਯੋਗ ਭਾਰਤੀ ਪ੍ਰਵਾਸੀਆਂ ਦੀ ਇੱਕ ਵਿਸ਼ੇਸ਼ਤਾ ਰਹੀ ਹੈ।

3. ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤ ਅਤੇ ਓਮਾਨ ਮਾਂਡਵੀ ਤੋਂ ਮਸਕਟ ਤੱਕ ਸਦੀਆਂ ਪੁਰਾਣੇ ਸੰਬੰਧਾਂ ਦਾ ਆਨੰਦ ਮਾਣਦੇ ਹਨ, ਜਿਸ ਨੂੰ ਅੱਜ ਪ੍ਰਵਾਸੀ ਲੋਕ ਸਖ਼ਤ ਮਿਹਨਤ ਅਤੇ ਇੱਕਜੁੱਟਤਾ ਨਾਲ ਅੱਗੇ ਵਧਾ ਰਹੇ ਹਨ। ਉਨ੍ਹਾਂ ਨੇ ਵੱਡੀ ਗਿਣਤੀ ਵਿੱਚ 'ਭਾਰਤ ਕੋ ਜਾਣੀਏ' ਕੁਇਜ਼ ਵਿੱਚ ਹਿੱਸਾ ਲੈਣ ਲਈ ਸਮੁਦਾਇ ਦੀ ਸ਼ਲਾਘਾ ਕੀਤੀ। ਇਸ ਗੱਲ 'ਤੇ ਜ਼ੋਰ ਦਿੰਦੇ ਹੋਏ ਕਿ ਗਿਆਨ ਭਾਰਤ-ਓਮਾਨ ਸਬੰਧਾਂ ਦੇ ਕੇਂਦਰ ਵਿੱਚ ਰਿਹਾ ਹੈ, ਉਨ੍ਹਾਂ ਨੇ ਦੇਸ਼ ਵਿੱਚ ਭਾਰਤੀ ਸਕੂਲਾਂ ਦੇ 50 ਸਾਲ ਪੂਰੇ ਹੋਣ 'ਤੇ ਉਨ੍ਹਾਂ ਨੂੰ ਵਧਾਈਆਂ ਦਿੱਤੀਆਂ. ਪ੍ਰਧਾਨ ਮੰਤਰੀ ਨੇ ਸਮੁਦਾਇ ਦੀ ਭਲਾਈ ਲਈ ਆਪਣਾ ਸਮਰਥਨ ਦੇਣ ਲਈ ਮਹਾਮਹਿਮ ਸੁਲਤਾਨ ਹੈਥਮ ਬਿਨ ਤਾਰਿਕ ਦਾ ਵੀ ਧੰਨਵਾਦ ਕੀਤਾ।

4. ਪ੍ਰਧਾਨ ਮੰਤਰੀ ਨੇ ਭਾਰਤ ਦੇ ਪਰਿਵਰਤਨਸ਼ੀਲ ਵਾਧੇ ਅਤੇ ਵਿਕਾਸ, ਬਦਲਾਅ ਦੀ ਗਤੀ ਅਤੇ ਦਾਇਰੇ ਅਤੇ ਪਿਛਲੀ ਤਿਮਾਹੀ ਵਿੱਚ 8 ਪ੍ਰਤੀਸ਼ਤ ਤੋਂ ਵੱਧ ਦੇ ਵਿਕਾਸ ਵਿੱਚ ਝਲਕਦੀ ਅਰਥ-ਵਿਵਸਥਾ ਦੀ ਮਜ਼ਬੂਤੀ ਬਾਰੇ ਗੱਲ ਕੀਤੀ. ਪਿਛਲੇ 11 ਸਾਲਾਂ ਵਿੱਚ ਸਰਕਾਰ ਦੀਆਂ ਪ੍ਰਾਪਤੀਆਂ ਦੀ ਸ਼ਲਾਘਾ ਕਰਦਿਆਂ, ਉਨ੍ਹਾਂ ਨੇ ਕਿਹਾ ਕਿ ਬੁਨਿਆਦੀ ਢਾਂਚੇ ਦੇ ਵਿਕਾਸ, ਨਿਰਮਾਣ, ਸਿਹਤ ਸੰਭਾਲ, ਹਰਿਤ ਵਿਕਾਸ ਅਤੇ ਮਹਿਲਾ ਸਸ਼ਕਤੀਕਰਨ ਦੇ ਖੇਤਰਾਂ ਵਿੱਚ ਦੇਸ਼ ਵਿੱਚ ਪਰਿਵਰਤਨਕਾਰੀ ਤਬਦੀਲੀਆਂ ਆਈਆਂ ਹਨ. ਉਨ੍ਹਾਂ ਅੱਗੇ ਕਿਹਾ ਕਿ ਭਾਰਤ ਵਿਸ਼ਵ ਪੱਧਰੀ ਨਵੀਨਤਾ, ਸਟਾਰਟਅੱਪ ਅਤੇ ਡਿਜ਼ੀਟਲ ਜਨਤਕ ਬੁਨਿਆਦੀ ਢਾਂਚੇ ਦੇ ਈਕੋ-ਸਿਸਟਮ ਨੂੰ ਵਿਕਸਿਤ ਕਰਕੇ 21ਵੀਂ ਸਦੀ ਲਈ ਆਪਣੇ ਆਪ ਨੂੰ ਤਿਆਰ ਕਰ ਰਿਹਾ ਹੈ. ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤ ਦਾ UPI - ਜੋ ਵਿਸ਼ਵ ਪੱਧਰ 'ਤੇ ਕੀਤੇ ਗਏ ਸਾਰੇ ਡਿਜ਼ੀਟਲ ਭੁਗਤਾਨਾਂ ਦਾ ਲਗਭਗ 50% ਹਿੱਸਾ ਹੈ - ਮਾਣ ਅਤੇ ਪ੍ਰਾਪਤੀ ਦਾ ਵਿਸ਼ਾ ਹੈ. ਉਨ੍ਹਾਂ ਨੇ ਪੁਲਾੜ ਖੇਤਰ ਵਿੱਚ ਹਾਲ ਹੀ ਵਿੱਚ ਹੋਈਆਂ ਸ਼ਾਨਦਾਰ ਪ੍ਰਾਪਤੀਆਂ ਨੂੰ ਉਜਾਗਰ ਕੀਤਾ, ਜਿਸ ਵਿੱਚ ਚੰਦਰਮਾ 'ਤੇ ਉੱਤਰਨ ਤੋਂ ਲੈ ਕੇ ਯੋਜਨਾਬੱਧ ਗਗਨਯਾਨ ਮਨੁੱਖੀ ਪੁਲਾੜ ਮਿਸ਼ਨ ਸ਼ਾਮਲ ਹਨ। ਉਨ੍ਹਾਂ ਇਹ ਵੀ ਕਿਹਾ ਕਿ ਪੁਲਾੜ ਦਾ ਖੇਤਰ

ਭਾਰਤ ਅਤੇ ਓਮਾਨ ਦਰਮਿਆਨ ਸਹਿਯੋਗ ਦਾ ਇੱਕ ਮਹੱਤਵਪੂਰਨ ਹਿੱਸਾ ਹੈ ਅਤੇ ਵਿਦਿਆਰਥੀਆਂ ਨੂੰ ਇਸਰੋ ਦੇ ਯੁਵਿਕਾ (YUVIKA) ਪ੍ਰੋਗਰਾਮ ਵਿੱਚ ਹਿੱਸਾ ਲੈਣ ਲਈ ਸੱਦਾ ਦਿੱਤਾ, ਜੋ ਨੌਜਵਾਨਾਂ ਲਈ ਬਣਿਆ ਹੈ। ਪ੍ਰਧਾਨ ਮੰਤਰੀ ਨੇ ਰੇਖਾਂਕਿਤ ਕੀਤਾ ਕਿ ਭਾਰਤ ਸਿਰਫ਼ ਇੱਕ ਬਜ਼ਾਰ ਨਹੀਂ, ਸਗੋਂ ਵਸਤੂਆਂ ਅਤੇ ਸੇਵਾਵਾਂ ਤੋਂ ਲੈ ਕੇ ਡਿਜ਼ੀਟਲ ਹੱਲਾਂ ਤੱਕ ਵਿਸ਼ਵ ਲਈ ਇੱਕ ਮਾਡਲ ਹੈ।

5. ਪ੍ਰਧਾਨ ਮੰਤਰੀ ਨੇ ਪ੍ਰਵਾਸੀਆਂ ਦੀ ਭਲਾਈ ਲਈ ਭਾਰਤ ਦੀ ਡੂੰਘੀ ਵਚਨਬੱਧਤਾ ਨੂੰ ਪ੍ਰਗਟ ਕਰਦੇ ਹੋਏ ਕਿਹਾ ਕਿ ਜਦੋਂ ਵੀ ਅਤੇ ਜਿੱਥੇ ਵੀ ਸਾਡੇ ਲੋਕਾਂ ਨੂੰ ਮਦਦ ਦੀ ਲੋੜ ਹੁੰਦੀ ਹੈ, ਸਰਕਾਰ ਉਨ੍ਹਾਂ ਦੀ ਮਦਦ ਲਈ ਹਾਜ਼ਰ ਰਹਿੰਦੀ ਹੈ।

6. ਪ੍ਰਧਾਨ ਮੰਤਰੀ ਨੇ ਪੁਸ਼ਟੀ ਕੀਤੀ ਕਿ ਭਾਰਤ-ਓਮਾਨ ਸਾਂਝੇਦਾਰੀ AI ਸਹਿਯੋਗ, ਡਿਜ਼ੀਟਲ ਸਿੱਖਿਆ, ਨਵੀਨਤਾ ਸਾਂਝੇਦਾਰੀ ਅਤੇ ਉਦਮਤਾ ਵਟਾਂਦਰਿਆਂ ਰਾਹੀਂ ਆਪਣੇ ਆਪ ਨੂੰ ਭਵਿੱਖ ਲਈ ਤਿਆਰ ਕਰ ਰਹੀ ਹੈ। ਉਨ੍ਹਾਂ ਨੌਜਵਾਨਾਂ ਨੂੰ ਵੱਡੇ ਸੁਪਨੇ ਦੇਖਣ,  ਡੂੰਘਾਈ ਨਾਲ ਸਿੱਖਣ ਅਤੇ ਦਲੇਰੀ ਨਾਲ ਨਵੀਨਤਾ ਲਿਆਉਣ ਦਾ ਸੱਦਾ ਦਿੱਤਾ, ਤਾਂ ਜੋ ਉਹ ਮਨੁੱਖਤਾ ਲਈ ਸਾਰਥਕ ਯੋਗਦਾਨ ਦੇ ਸਕਣ। ਪ੍ਰਧਾਨ ਮੰਤਰੀ ਦੀ ਪੂਰੀ ਟਿੱਪਣੀ ਇੱਥੇ ਦੇਖੀ ਜਾ ਸਕਦੀ ਹੈ [Link]।

ਮਸਕਟ

18 ਦਸੰਬਰ 2025